Office of the Deputy Commissioner & Distt. Magistrate, Bathinda
(Corona Monitoring Cell)

## ਦਫਤਰੀ ਹੁਕਮ

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਨਿਮਨਹਸਤਾਖਰ ਵੱਲੋ ਪਿੱਠ ਅੰਕਣ ਨੰਬਰ 5713-99 ਮਿਤੀ 23-3/2020 ਰਾਹੀਂ ਅਧੀਨ ਧਾਰਾ 144 ਫੌਜਦਾਰੀ ਜਾਬਤਾ ਸੰਘਤਾ, 1973 ਬਠਿੰਡਾ ਜ਼ਿਲ੍ਹਾ ਦੀ ਹਦੂਦ ਅੰਦਰ ਕਿਸੇ ਵੀ ਪਬਲਿਕ ਦੇ ਵਿਅਕਤੀ ਨੂੰ ਘਰ ਤੋਂ ਬਾਹਰ ਸੜਕ ਜਾਂ ਪਬਲਿਕ ਜਗ੍ਹਾ ਤੇ ਆਉਣ ਤੋਂ ਮਨਾਹੀ ਕਰਦੇ ਹੋਏ ਕਰਫਿਊ ਦੇ ਹੁਕਮ ਜਾਰੀ ਕੀਤੇ ਗਏ ਸਨ।

ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ ਸਰਕਾਰ ਦੇ ਪੱਤਰ ਨੰਬਰ SS/ACSH/2020/336 ਮਿਤੀ 29/4/2020 ਰਾਹੀਂ ਮਿਉਂਸਪਲ ਹਦੂਦ ਤੋਂ ਬਾਹਰ ਅਤੇ ਸਰਕਾਰ ਵੱਲੋਂ ਸਥਾਪਿਤ ਫੋਕਲ ਪੁਆਇੰਟਾਂ, ਇੰਡਸਟਰੀਅਲ ਅਸਟੇਟ ਅਤੇ ਇੰਡਸਟਰੀਅਲ ਗਰੋਥ ਸੈਂਟਰ ਵਿੱਚ ਚੱਲ ਰਹੇ ਉਦਯੋਗਾਂ ਨੂੰ ਚਲਾਉਣ ਲਈ ਜ਼ਿਲ੍ਹਾ ਅਥਾਰਟੀ ਤੋਂ ਵੱਖਰੇ ਤੌਰ ਤੇ ਮਨਜ਼ੂਰੀ ਲੈਣ ਦੀ ਜਰੂਰਤ ਨਹੀਂ ਹੈ। ਜੇਕਰ ਉਦਯੋਗਪਤੀ ਭਾਰਤ ਸਰਕਾਰ ਦੇ ਪੱਤਰ ਨੰਬਰ 40-3/2020/ਡੀ.ਐਮ./1(ਏ) ਮਿਤੀ 15/4/2020ਰਾਹੀਂ ਜਾਰੀ ਕੀਤੀ SOP ਦੇ ਅਨੈਕਸਚਰ -2 ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੇ ਸਮਰੱਥ ਹੈ ਤਾਂ ਉਹ ਆਪਣਾ ਯੂਨਿਟ ਸ਼ੁਰੂ ਕਰਨ ਤੋਂ ਪਹਿਲਾਂ ਇਸ ਸਬੰਧੀ ਇੱਕ ਸਵੈ-ਘੋਸ਼ਣਾ ਪੱਤਰ ਪੇਸ਼ ਕਰੇਗਾ, ਜਿਸ ਨਾਲ ਉਹ ਉਦਯੋਗ ਨਾਲ ਸਬੰਧਤ ਲੇਬਰ ਦੀ ਗਿਣਤੀ ਅਤੇ ਉਨ੍ਹਾਂ ਨੂੰ ਲਿਆਉਣ ਵਾਲੇ ਵਹੀਕਲਜ਼ ਦਾ ਵੇਰਵਾ ਨਾਲ ਨੱਥੀ ਕਰੇਗਾ।

ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੇ ਮੱਦੇਨਜ਼ਰ ਜਿਲ੍ਹਾ ਬਠਿੰਡਾ ਵਿੱਚ ਮਿਉਂਸਪਲ ਲਿਮਿਟ ਤੋਂ ਬਾਹਰ ਸਥਿਤ ਉਦਯੋਗਾਂ, ਸਰਕਾਰ ਵੱਲੋਂ ਸਥਾਪਤ ਫੋਕਲ ਪੁਆਇੰਟਾਂ, ਇੰਡਸਟਰੀਅਲ ਅਸਟੇਟ ਅਤੇ ਇੰਡਸਟਰੀਅਲ ਗਰੋਥ ਸੈਂਟਰਾਂ ਵਿੱਚ ਸਥਿਤ ਉਦਯੋਗਾਂ ਨੂੰ ਕਰਫਿਊ ਦੌਰਾਨ ਚਲਾਉਣ ਦੀ ਪ੍ਰਵਾਨਗੀ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:

1. ਹਰ ਇੱਕ ਉਦਯੋਗਪਤੀ ਭਾਰਤ ਸਰਕਾਰ ਦੇ ਪੱਤਰ ਨੰਬਰ 40-3/2020/ਡੀ.ਐਮ./1(ਏ) ਮਿਤੀ 15/4/2020ਰਾਹੀਂ ਜਾਰੀ ਕੀਤੀ SOP ਦੇ ਅਨੈਕਸਚਰ -2 ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੇ ਸਮਰੱਥ ਹੈ ਤਾਂ ਉਹ ਆਪਣਾ ਯੂਨਿਟ ਸ਼ੁਰੂ ਕਰਨ ਤੋਂ ਪਹਿਲਾਂ ਇਸ ਸਬੰਧੀ ਇੱਕ ਸਵੈ- ਘੋਸ਼ਣਾ ਪੱਤਰ ਪੇਸ਼ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਬਠਿੰਡਾ ਦੀ ਈ.ਮੇਲ gmdicbti951@gmail.com ਤੇ ਅਪਲਾਈ ਕਰੇਗਾ, ਜਿਸ ਨਾਲ ਉਹ ਉਦਯੋਗ ਨਾਲ ਸਬੰਧਤ ਲੇਬਰ ਦੀ ਗਿਣਤੀ ਅਤੇ ਉਨ੍ਹਾਂ ਨੂੰ ਲਿਆਉਣ ਵਾਲੇ ਵਹੀਕਲਜ਼ ਦਾ ਵੇਰਵਾ ਨਾਲ ਨੱਥੀ ਕਰੇਗਾ।
2. ਇਸ ਦੌਰਾਨ ਲੇਬਰ ਨੂੰ ਫੈਕਟਰੀ/ ਯੂਨਿਟ ਦੇ ਅੰਦਰ ਹੀ ਰੱਖਣ ਦਾ ਪ੍ਰਬੰਧ ਕੀਤੇ ਜਾਣਗੇ ਅਤੇ ਜੇਕਰ ਫੈਕਟਰੀ / ਯੂਨਿਟ ਦੇ ਅੰਦਰ ਰਹਿਣ ਦੇ ਪ੍ਰਬੰਧ ਨਹੀਂ ਹਨ ਤਾਂ ਲੇਬਰ ਦੇ ਫੈਕਟਰੀ ਵਿੱਚ ਆਣ-ਜਾਣ ਲਈ ਇੱਕ designated ਵਹੀਕਲ ਦੀ ਪ੍ਰਬੰਧ ਕੀਤਾ ਜਾਵੇਗਾ। ਇਸ ਵਹੀਕਲ ਤੇ ਹੀ ਰੋਜ਼ਾਨਾ ਲੇਬਰ ਨੂੰ ਉਸ ਦੇ ਘਰ ਤੋਂ ਲਿਆਇਆ ਅਤੇ ਛੱਡਿਆ ਜਾਵੇਗਾ। ਅਜਿਹੇ ਵਹੀਕਲਜ਼ ਦਾ ਪ੍ਰਬੰਧ ਉਦਯੋਗਪਤੀ ਨੂੰ ਆਪਣੇ ਪੱਧਰ / ਖਰਚੇ ਤੇ ਹੀ ਕਰਨਾ ਹੋਵੇਗਾ।
3. ਲੇਬਰ ਦੇ ਵਿਅਕਤੀ ਅਤੇ ਫੈਕਟਰੀ ਮਾਲਕ ਸੁਬਾਹ 10.00 ਵਜੇ ਤੋਂ ਪਹਿਲਾਂ ਫੈਕਟਰੀ ਵਿੱਚ ਜਾ ਸਕਦੇ ਹਨ ਅਤੇ ਸ਼ਾਮ 6.0 ਵਜੇ ਫੈਕਟਰੀ ਤੋਂ ਵਾਪਸ ਘਰ ਜਾਣਗੇ। ਦਿਨ ਦੇ ਸਮੇਂ ਕੋਈ ਮੂਵਮੈਂਟ ਨਹੀਂ ਕੀਤੀ ਜਾਵੇਗੀ।
4. ਫੈਕਟਰੀ ਲਈ ਕੋਈ ਲੇਬਰ ਦਾ ਵਿਅਕਤੀ ਪੈਦਲ ਜਾਂ ਸਾਈਕਲ ਜਾਂ ਆਪਣੇ ਕਿਸੇ ਨਿੱਜੀ ਵਹੀਕਲਜ਼ ਤੇ ਮੂਵਮੈਂਟ ਨਹੀਂ ਕਰੇਗਾ ਸਗੋਂ ਇੰਨ੍ਹਾਂ ਦੀ ਮੂਵਮੈਂਟ ਸਿਰਫ designated vehicles ਤੇ ਹੀ ਹੋਵੇਗੀ, ਜਿੰਨ੍ਹਾਂ ਦੇ ਕਰਫਿਊ ਪਾਸ ਨਿਮਨਹਸਤਾਖਰ ਵੱਲੋਂ ਜਾਰੀ ਕੀਤੇ ਹੋਣਗੇ।

***ਉਪਰੋਕਤ ਤੋਂ ਇਲਾਵਾ ਕਿਸੇ ਤਰ੍ਹਾਂ ਦੀ ਕੋਈ ਮੂਵਮੈਂਟ ਨਹੀਂ ਕੀਤੀ ਜਾਵੇਗੀ।***

ਕੰਮ ਦੌਰਾਨ ਸੋਸ਼ਲ ਡਿਸਟੈਂਸਿੰਗ ਮੇਨਟੇਨ ਕੀਤੀ ਜਾਵੇਗੀ ਅਤੇ ਭਾਰਤ ਸਰਕਾਰ ਵੱਲੋਂ ਜਾਰੀ ਐਸ.ਓ.ਪੀ. (SOP) ਦੀਆਂ ਸ਼ਰਤਾਂ ਦੀ ਪਾਲਣਾ ਵੀ ਕਰਨੀ ਯਕੀਨੀ ਬਣਾਈ ਜਾਵੇਗੀ। ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ/ ਸਹਾਇਕ ਲੇਬਰ ਕਮਿਸ਼ਨਰ / ਡਿਪਟੀ ਡਾਇਰੈਕਟਰ, ਫੈਕਟਰੀਜ਼ ਸਮੇਂ ਸਮੇਂ ਤੇ ਇੰਨ੍ਹਾਂ ਫੈਕਟਰੀਆਂ / ਯੂਨਿਟਾਂ ਦਾ ਦੌਰਾ ਕਰਕੇ ਭਾਰਤ ਸਰਕਾਰ / ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ / ਐਸ.ਓ.ਪੀ. ਦੀਆਂ ਸ਼ਰਤਾਂ ਦੀ ਪਾਲਣਾ ਕੀਤੀ ਜਾਣੀ ਯਕੀਨੀ ਬਨਾਉਣਗੇ।

ਇਹ ਕੋਵਿਡ-19 ਨਾਲ ਸਬੰਧਤ ਭਾਰਤ ਸਰਕਾਰ / ਰਾਜ ਸਰਕਾਰ ਅਤੇ ਨਿਮਨਹਸਤਾਖਰ ਵੱਲੋਂ ਜਾਰੀ ਕੀਤੀਆਂ ਸਾਰੀਆਂ ਹਦਾਇਤਾਂ ਦੀ ਪਾਲਣਾ ਕਰਨਗੇ। ਜੇਕਰ ਉਨ੍ਹਾਂ ਵੱਲੋਂ ਕੋਵਿਡ-19 ਨਾਲ ਸਬੰਧਤ ਹਦਾਇਤਾਂ ਦੀ ਕੋਈ ਵੀ ਉਲੰਘਣਾ ਕੀਤੀ ਗਈ ਤਾਂ ਉਨ੍ਹਾਂ ਵਿਰੁੱਧ ਆਈ.ਪੀ.ਸੀ. ਦੀ ਧਾਰਾ 188 ਅਤੇ Epidemic Diseases Act 1897 ਦੇ ਤਹਿਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਜ਼ਿਲ੍ਹਾ ਮੈਜਿਸਟਰੇਟ,
ਬਠਿੰਡਾ।

ਪਿੰ.ਅੰਕਣ ਨੰ: 2517-2526, ਮਿਤੀ 01 / 05 /2020

ਇਸ ਦਾ ਇੱਕ ਉਤਾਰਾ:

1. ਸੀਨੀਅਰ ਕਪਤਾਨ ਪੁਲਿਸ, ਬਠਿੰਡਾ
2. ਕਮਿਸ਼ਨਰ, ਨਗਰ ਨਿਗਮ, ਬਠਿੰਡਾ
3. ਉਪ ਮੰਡਲ ਮੈਜਿਸਟਰੇਟ, ਬਠਿੰਡਾ / ਤਲਵੰਡੀ ਸਾਬੋ/ ਰਾਮਪੁਰਾ ਫੂਲ/ ਮੌੜ
4. ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ।
5. ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਬਠਿੰਡਾ
6. ਸਹਾਇਕ ਲੇਬਰ ਕਮਿਸ਼ਨਰ, ਬਠਿੰਡਾ
7. ਡਿਪਟੀ ਡਾਇਰੈਕਟਰ, ਫੈਕਟਰੀਜ਼, ਬਠਿੰਡਾ

ਪਾਸ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ,
ਬਠਿੰਡਾ।

Scanned with CamScanner